# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 11 ਅਗਸਤ 2026 ਦਿਨ ਮੰਗਲਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਖੇਤੀ ਵਿੱਚ ਡਿਜ਼ੀਟਲ ਤਕਨਾਲੋਜੀ ਦੀ ਵਰਤੋਂ ਵਧਾਉਣ ਲਈ ਪੀ.ਏ.ਯੂ. ਅਤੇ ਰੋਪੜ ਦੇ ਰਾਸ਼ਟਰੀ ਸੂਚਨਾ ਤਕਨਾਲੋਜੀ ਸੰਸਥਾਨ ਨੇ ਸਹਿਯੋਗ ਸੰਧੀ ਕੀਤੀ

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ 11 ਅਗਸਤ (ਵਰਲਡ ਪੰਜਾਬੀ ਟਾਈਮਜ਼) ਪੀ.ਏ.ਯੂ. ਨੇ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਬਾਰੇ ਰਾਸ਼ਟਰੀ ਸੰਸਥਾਨ ਰੋਪੜ ਨਾਲ ਇਕ ਵਿਸ਼ੇਸ਼ ਸਮਝੌਤੇ ਉਪਰ ਦਸਤਖਤ ਕੀਤੇ ਹਨ| ਇਸ ਸਮਝੌਤੇ ਮੁਤਾਬਿਕ ਖੇਤੀ ਖੇਤਰ ਵਿਚ ਡਿਜ਼ੀਟਲ ਵਰਤੋਂ, ਮਸਨੂਈ ਬੁੱਧੀ, ਬਾਰੀਕ ਕਾਸ਼ਤਕਾਰੀ, ਰੋਬੋਟਿਕਸ ਅਤੇ ਸਵੈ ਸੰਚਾਲਨ ਦੇ ਨਾਲ-ਨਾਲ ਸੰਵਾਦ ਸੈਸਿੰਗ ਤਕਨਾਲੋਜੀਆਂ ਵਧਾਉਣ ਲਈ ਸਾਂਝੇ ਯਤਨਾਂ ਸਦਕਾ ਖੋਜ ਅਤੇ ਸਮਰਥਾ ਦਾ ਵਿਕਾਸ ਕੀਤਾ ਜਾਵੇਗਾ|

ਪੀ.ਏ.ਯੂ. ਵੱਲੋਂ ਇਸ ਸਮਝੌਤੇ ਦੌਰਾਨ ਉੱਚ ਅਧਿਕਾਰੀ ਸ਼ਾਮਿਲ ਹੋਏ ਜਿਨ੍ਹਾਂ ਵਿੱਚ ਡਾ. ਰਿਸ਼ੀਪਾਲ ਸਿੰਘ ਰਜਿਸਟਰਾਰ, ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ, ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ, ਡੀਨ ਪੋਸਟ ਗ੍ਰੈਜੂਏਟ ਸਟੱਡੀਜ਼ ਡਾ. ਵਿਸ਼ਵਜੀਤ ਸਿੰਘ ਹਾਂਸ, ਖੇਤੀ ਇੰਜਨੀਅਰਿੰਗ ਕਾਲਜ ਦੇ ਡੀਨ ਡਾ. ਮਨਜੀਤ ਸਿੰਘ, ਕਮਿਊਨਟੀ ਸਾਇੰਸ ਕਾਲਜ ਦੇ ਡੀਨ ਡਾ. ਕਿਰਨ ਬੈਂਸ, ਵਧੀਕ ਨਿਰਦੇਸ਼ਕ ਖੋਜ ਡਾ. ਮਹੇਸ਼ ਕੁਮਾਰ, ਯੂਨੀਵਰਸਿਟੀ ਲਾਇਬ੍ਰੇਰੀਅਨ ਡਾ. ਯੋਗਿਤਾ ਸ਼ਰਮਾ, ਸਿਵਲ ਇੰਜਨੀਅਰਿੰਗ ਵਿਭਾਗ ਦੇ ਮੁਖੀ ਡਾ. ਵੀ ਪੀ ਸੇਠੀ ਅਤੇ ਨੈਨੋ ਤਕਨਾਲੋਜੀ ਦੇ ਵਿਗਿਆਨੀ ਡਾ. ਐੱਮ ਐੱਸ ਸਿੱਧੂ ਮੌਜੂਦ ਸਨ|

ਰੋਪੜ ਦੇ ਸੰਸਥਾਨ ਵੱਲੋਂ ਕਾਰਜਕਾਰੀ ਨਿਰਦੇਸ਼ਕ ਸ਼੍ਰੀ ਦੀਪਕ ਵਾਸਨ, ਰਜਿਸਟਰਾਰ ਡਾ. ਮਨੀਸ਼ ਅਰੋੜਾ ਅਤੇ ਵਿਗਿਆਨੀ ਸ਼੍ਰੀ ਜਸਵੀਰ ਸਿੰਘ ਮੌਜੂਦ ਰਹੇ| ਸਮਝੌਤੇ ਦੀਆਂ ਸ਼ਰਤਾਂ ਉੱਪਰ ਡਾ. ਰਿਸ਼ੀਪਾਲ ਸਿੰਘ ਰਜਿਸਟਰਾਰ ਪੀ.ਏ.ਯੂ. ਅਤੇ ਰੋਪੜ ਸੰਸਥਾਨ ਦੇ ਨਿਰਦੇਸ਼ਕ ਸ਼੍ਰੀ ਦੀਪਕ ਵਾਸਨ ਨੇ ਸਹੀ ਪਾਈ|

ਇਸ ਮੌਕੇ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਆਪਣੇ ਵਿਸ਼ੇਸ਼ ਸੰਦੇਸ਼ ਵਿਚ ਕਿਹਾ ਕਿ ਪੀ.ਏ.ਯੂ. ਦੇਸ਼-ਵਿਦੇਸ਼ ਦੀਆਂ ਸਿਖਰਲੀਆਂ ਵਿਗਿਆਨਕ ਸੰਸਥਾਵਾਂ ਨਾਲ ਸਾਂਝ ਅਤੇ ਸਹਿਯੋਗ ਵਧਾਉਣ ਲਈ ਪ੍ਰਤੀਬੱਧ ਹੈ| ਉਹਨਾਂ ਕਿਹਾ ਕਿ ਇਸੇ ਸਿਲਸਿਲੇ ਵਿਚ ਓਹਾਈਓ ਯੂਨੀਵਰਸਿਟੀ, ਸਿਮਟ ਅਤੇ ਆਈ ਆਰ ਆਰ ਆਈ ਨਾਲ ਸਹਿਯੋਗ ਅੱਗੇ ਵਧਾਇਆ ਗਿਆ ਹੈ| ਵਾਈਸ ਚਾਂਸਲਰ ਨੇ ਕਿਹਾ ਕਿ ਖੇਤੀਬਾੜੀ ਵਿਚ ਡਿਜ਼ੀਟਲ ਤਰੀਕਿਆਂ ਦੀ ਵਰਤੋਂ ਵਧਾਉਣ ਲਈ ਅਤੇ ਖੇਤੀ ਨੂੰ ਵਿਗਿਆਨਕ ਤਰੀਕਿਆਂ ਨਾਲ ਭਰਪੂਰ ਕਰਨ ਲਈ ਯੂਨੀਵਰਸਿਟੀ ਨੇ ਨਿਰੰਤਰ ਯਤਨ ਕੀਤੇ ਹਨ| ਨਵੇਂ ਯੁੱਗ ਦੇ ਕਿਸਾਨਾਂ ਨੂੰ ਖੇਤੀ ਦੇ ਬੇਹੱਦ ਅਗਾਂਹਵਧੂ ਤਰੀਕਿਆਂ ਤੋਂ ਜਾਣੂੰ ਕਰਵਾਉਣ ਲਈ ਯੂਨੀਵਰਸਿਟੀ ਹਰ ਸੰਭਵ ਸਹਿਯੋਗ ਕਰੇਗੀ| ਇਸ ਪੱਖੋਂ ਅੱਜ ਦਾ ਇਹ ਸਮਝੌਤਾ ਬੇਹੱਦ ਲਾਹੇਵੰਦ ਸਾਬਿਤ ਹੋਵੇਗਾ|

ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਨੇ ਯੂਨੀਵਰਸਿਟੀ ਵੱਲੋਂ ਪੰਜਾਬ ਅਤੇ ਭਾਰਤ ਦੀ ਖੇਤੀ ਦੇ ਵਿਕਾਸ ਲਈ ਪਾਏ ਯੋਗਦਾਨ ਦੀ ਇਤਿਹਾਸ ਰੇਖਾ ਨੂੰ ਅੰਕਿਤ ਕਰਦਿਆਂ ਭੋਜਨ ਸੁਰੱਖਿਆ ਅਤੇ ਸਥਿਰ ਖੇਤੀਬਾੜੀ ਲਈ ਕੀਤੇ ਯਤਨਾਂ ਦਾ ਹਵਾਲਾ ਦਿੱਤਾ| ਉਹਨਾਂ ਕਿਹਾ ਕਿ 991 ਫਸਲਾਂ ਦੀਆਂ ਕਿਸਮਾਂ ਦੀ ਖੋਜ ਪਿਛਲੇ ਪੰਜ ਦਹਾਕਿਆਂ ਦੌਰਾਨ ਕਰਕੇ ਯੂਨੀਵਰਸਿਟੀ ਨੇ ਇਕ ਮੀਲ ਪੱਥਰ ਸਥਾਪਿਤ ਕੀਤਾ ਹੈ| ਡਾ. ਢੱਟ ਨੇ ਕਿਹਾ ਕਿ ਮੌਜੂਦਾ ਸਮੇਂ ਵਾਤਾਵਰਨ ਪੱਖੀ ਖੇਤੀ ਦੇ ਨਾਲ-ਨਾਲ ਪੋਸ਼ਣ ਸੁਰੱਖਿਆ ਵੱਲ ਯੂਨੀਵਰਸਿਟੀ ਖੋਜ ਦਾ ਧਿਆਨ ਸੇਧਤ ਹੈ| ਰੋਪੜ ਦੇ ਸੰਸਥਾਨ ਨਾਲ ਹੋਣ ਵਾਲਾ ਅੱਜ ਦਾ ਸਮਝੌਤਾ ਡਿਜ਼ੀਟਲ ਖੇਤੀਬਾੜੀ ਬਾਰੇ ਦੋਵਾਂ ਸੰਸਥਾਵਾਂ ਦੀ ਸਮਝ ਅਤੇ ਗਿਆਨ ਨੂੰ ਨਵੀਂ ਦਿਸ਼ਾ ਦੇਣ ਵਾਲਾ ਸਾਬਿਤ ਹੋਵੇਗਾ|

ਇਸ ਮੌਕੇ ਹੋਈ ਇਕੱਤਰਤਾ ਵਿਚ ਸ਼ਾਮਿਲ ਹੋਏ ਪਤਵੰਤਿਆਂ ਦਾ ਸਵਾਗਤ ਖੇਤੀ ਇੰਜਨੀਅਰਿੰਗ ਕਾਲਜ ਦੇ ਡੀਨ ਡਾ. ਮਨਜੀਤ ਸਿੰਘ ਨੇ ਕੀਤਾ| ਅੰਤ ਵਿਚ ਡਾ. ਵੀ ਪੀ ਸੇਠੀ ਨੇ ਸਭ ਲਈ ਧੰਨਵਾਦ ਦੇ ਸ਼ਬਦ ਕਹੇ| ਸਮਾਰੋਹ ਦਾ ਸੰਚਾਲਨ ਸੰਸਥਾਈ ਸੰਪਰਕ ਦੇ ਸਹਿਯੋਗੀ ਨਿਰਦੇਸ਼ਕ ਡਾ. ਵਿਸ਼ਾਲ ਬੈਕਟਰ ਨੇ ਕੀਤਾ|

## ਭਾਰਤੀ ਕਮਿਊਨਿਸਟ ਪਾਰਟੀ ਦੀ 1 ਸਤੰਬਰ ਦੀ ਕੌਮੀ ਰੈਲੀ ਬਦਲਾਅ ਜ਼ਰੂਰੀ ਹੈ, ਦੀ ਤਿਆਰੀ ਲਈ ਪਿੰਡਾਂ ਵਿੱਚ ਜਨ ਸੰਪਰਕ ਮੁਹਿੰਮ ਸ਼ੁਰੂ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 11 ਅਗਸਤ : ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 1 ਸਤੰਬਰ ਨੂੰ ਰਾਮ ਲੀਲ੍ਹਾ ਮੈਦਾਨ ਨਵੀਂ ਦਿੱਲੀ ਵਿਖੇ ਬਦਲਾਅ ਜ਼ਰੂਰੀ ਹੈ, ਦੇ ਨਾਅਰੇ ਨੂੰ ਮੁੱਖ ਰੱਖਦਿਆਂ ਕੌਮੀ ਰੈਲੀ ਕੀਤੀ ਜਾ ਰਹੀ ਹੈ। ਇਸ ਰੈਲੀ ਦੀ ਤਿਆਰੀ ਵਾਸਤੇ ਪਿੰਡਾਂ ਵਿੱਚ ਜਨ ਸੰਪਰਕ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਗਿਆ ਸੀ। ਪਾਰਟੀ ਵਲੋਂ ਉਲੀਕੇ ਗਏ ਪ੍ਰੋਗਰਾਮ ਨੂੰ ਲਾਗੂ ਕਰਦੇ ਹੋਏ ਅੱਜ ਇਸ ਦੀ ਸ਼ੁਰੂਆਤ ਜ਼ਿਲ੍ਹਾ ਫਰੀਦਕੋਟ ਦੇ ਪਿੰਡ ਔਲਖ ਵਿਖੇ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਦੀ ਯਾਦਗਾਰ ਤੋਂ ਕੀਤੀ ਗਈ। ਇਸ ਤੋਂ ਬਾਅਦ ਨੇੜਲੇ ਪਿੰਡ ਜੀਵਨਵਾਲਾ ਅਤੇ ਘਣੀਏਵਾਲਾ ਵਿਖੇ ਵੀ ਲੋਕਾਂ ਦੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਕਾਰਜਕਾਰੀ ਸਕੱਤਰ ਪ੍ਰੇਮ ਚਾਵਲਾ, ਵਿੱਤ ਸਕੱਤਰ ਗੁਰਚਰਨ ਸਿੰਘ ਮਾਨ, ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ, ਨਰੇਗ ਰੁਜ਼ਗਰ ਪ੍ਰਾਪਤੀ ਮਜ਼ਦੂਰ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਸਕੱਤਰ ਕਾਮਰੇਡ ਗੋਰਾ ਪਿਪਲੀ, ਪਿੰਡ ਔਲਖ ਦੇ ਆਗੂ ਬੋਹੜ ਸਿੰਘ ਔਲਖ ਅਤੇ ਜਸਵੰਤ ਸਿੰਘ ਨਿੱਕਾ ਔਲਖ ਨੇ ਆਪੋ-ਆਪਣੇ ਸੰਬੋਧਨ ਵਿੱਚ ਦੇਸ਼ ਦੇ ਮੌਜੂਦਾ ਹਾਲਤਾਂ ਬਾਰੇ ਵਿਚਾਰ ਪੇਸ਼ ਕੀਤੇ। ਆਗੂਆਂ ਨੇ ਦੋਸ਼ ਲਾਇਆ ਕਿ ਪਿਛਲੇ 12 ਸਾਲਾਂ ਦੇ ਰਾਜ ਭਾਗ ਦੌਰਾਨ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਨੇ ਕਾਰਪਰੇਟ ਘਰਾਣਿਆਂ ਦੀ ਦਬਾਅ ਹੇਠ ਲਗਾਤਾਰ ਮਜ਼ਦੂਰ ਵਿਰੋਧੀ ਨੀਤੀਆਂ ਨੂੰ ਲਾਗੂ ਕੀਤਾ ਹੈ। ਇਸ ਸਰਕਾਰ ਨੇ 29 ਕਿਰਤ ਕਾਨੂੰਨ ਖਤਮ ਕਰਕੇ ਚਾਰ ਲੇਬਰ ਕੋਡ ਲਾਗੂ ਕਰਕੇ ਕਾਰਪੋਰੇਟਾਂ ਦੇ ਹਿੱਤਾਂ ਦੀ ਪੂਰਤੀ ਕੀਤੀ ਹੈ। ਨਰੇਗਾ ਕਾਨੂੰਨ ਖਤਮ ਕਰਕੇ ਨਵਾਂ ਵੀ ਬੀ ਜੀ ਰਾਮ ਜੀ ਕਾਨੂੰਨ ਲਾਗੂ ਕਰ ਦਿੱਤਾ ਹੈ ਅਤੇ ਨਰੇਗਾ ਕਾਮਿਆਂ ਨੂੰ 125 ਦਿਨ ਕੰਮ ਦੇਣ ਦਾ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ, ਜਦਕਿ ਅਸਲ ਵਿੱਚ ਕੰਮ ਮਿਲਣ ਦੇ ਦਿਨ 35—40 ਦਿਨਾਂ ਤੋਂ ਵੱਧ ਨਹੀਂ ਹਨ। ਇਸ ਤੋਂ ਇਲਾਵਾ ਦੇਸ਼ ਵਿੱਚ ਫਿਰਕਾ ਪ੍ਰਸਤੀ ਜਾਤ-ਪਾਤ ਅਤੇ ਨਫਰਤ ਦੀ ਰਾਜਨੀਤੀ ਲਾਗੂ ਕੀਤੀ ਜਾ ਰਹੀ ਹੈ। ਸਾਡੇ ਦੇਸ਼ ਦੇ ਧਰਮ ਨਿਰਪੱਖ ਸੰਵਿਧਾਨ ਨੂੰ ਖਤਰਾ ਪੈਦਾ ਹੋ ਗਿਆ ਹੈ। ਵੱਖ ਵੱਖ ਵਿਭਾਗਾਂ ਦਾ ਤੇਜ਼ੀ ਨਾਲ ਨਿੱਜੀਕਰਨ ਕੀਤਾ ਜਾ ਰਿਹਾ ਹੈ। ਬੇਰੁਜ਼ਗਾਰੀ ਅਤੇ ਮਹਿੰਗਾਈ ਦਿਨੋ ਦਿਨ ਵੱਧ ਰਹੀ ਹੈ।ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਵੱਖ-ਵੱਖ ਫ਼ਸਲਾਂ *ਤੇ ਐਮ ਐਸ ਪੀ ਦੀ ਗਰੰਟੀ ਦਾ ਕਾਨੂੰਨੀ ਪਾਸ ਕਰਨ, ਬਨੇਗਾ ਦਾ ਕਾਨੂੰਨ ਪਾਰਲੀਮੈਂਟ ਵਿੱਚ ਪਾਸ ਕਰਨ ਤੋਂ ਸਰਕਾਰ ਮੁਨਕਰ ਹੋ ਗਈ ਹੈ।ਕਿਸਾਨਾਂ ਅਤੇ ਮਜ਼ਦੂਰਾਂ ਦੇ ਕਰਜ਼ੇ ਮਾਫ ਕਰਨ ਦੀ ਬਜਾਏ ਵੱਡੇ ਘਰਾਣਿਆਂ ਦੇ ਕਰਜ਼ੇ ਮਾਫ ਕੀਤੇ ਜਾ ਰਹੇ ਹਨ।ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਵਿਦਿਆਰਥੀਆਂ ਦੇ ਅੰਦੋਲਨਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾਇਆ ਜਾ ਰਿਹਾ ਹੈ।ਆਗੂਆਂ ਨੇ ਅੱਗੇ ਕਿਹਾ ਕਿ 1 ਸਤੰਬਰ ਦੀ ਕੌਮੀ ਰੈਲੀ ਮੋਦੀ ਸਰਕਾਰ ਨੂੰ ਲੋਕਪੱਖੀ ਫੈਸਲੇ ਲੈਣ ਲਈ ਮਜਬੂਰ ਕਰਨ ਵਾਸਤੇ ਕੀਤੀ ਜਾ ਰਹੀ ਹੈ। ਆਗੂਆਂ ਨੇ ਐਲਾਨ ਕੀਤਾ ਕਿ 1 ਸਤੰਬਰ 2026 ਨੂੰ ਰਾਮ ਲੀਲਾ ਮੈਦਾਨ ਵਿਖੇ ਹੋ ਰਹੀ ਕੌਮੀ ਰੈਲੀ ਵਿੱਚ ਸ਼ਾਮਿਲ ਹੋਣ ਲਈ ਫਰੀਦਕੋਟ ਤੋਂ ਇੱਕ ਵੱਡਾ ਜੱਥਾ ਦਿੱਲੀ ਰੈਲੀ ਵਿੱਚ ਸ਼ਾਮਿਲ ਹੋਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰੇਸ਼ਮ ਸਿੰਘ ਜਿਉਣਵਾਲਾ, ਸੁਖਦਰਸ਼ਨ ਰਾਮ ਸ਼ਰਮਾ, ਸ਼ਿਵ ਕੁਮਾਰ ਸ਼ਰਮਾ ਔਲਖ, ਕੁਲਵੰਤ ਸਿੰਘ, ਬੂਟਾ ਸਿੰਘ ਡੀ ਸੀ, ਰੁਪਿੰਦਰ ਕੌਰ ਔਲਖ, ਪੈਨਸ਼ਨਰ ਆਗੂ ਕੁਲਵੰਤ ਸਿੰਘ ਚਾਨੀ, ਸੋਮਨਾਥ ਅਰੋੜਾ ਅਤੇ ਗੁਰਦੀਪ ਭੋਲਾ ਪੀ ਆਰ ਟੀ ਸੀ ਆਦਿ ਵੀ ਹਾਜ਼ਰ ਸਨ।

## ਤੰਬਾਕੂ ਦੀ ਵਰਤੋਂ ਨੂੰ ਰੋਕਣ ਲਈ ਵਿਭਾਗਾਂ ਨੂੰ ਸਾਂਝੇ ਤੌਰ 'ਤੇ ਯਤਨ ਕਰਨ ਦੀ ਅਪੀਲ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 11 ਅਗਸਤ: ਰਾਸ਼ਟਰੀ ਤੰਬਾਕੂ ਕੰਟਰੋਲ ਪ੍ਰੋਗਰਾਮ ਤਹਿਤ ਜ਼ਿਲ੍ਹਾ ਪੱਧਰੀ ਤੰਬਾਕੂ ਕੰਟਰੋਲ ਕਮੇਟੀ ਦੀ ਮੀਟਿੰਗ ਅੱਜ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਪਟਿਆਲਾ ਵਿਖੇ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਅਤੇ ਸਿਵਲ ਸਰਜਨ ਪਟਿਆਲਾ ਡਾ. ਸ਼ੈਲੀ ਜੇਟਲੀ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਦਾ ਤਾਲਮੇਲ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ (ਐਨ.ਟੀ.ਸੀ.ਪੀ.) ਡਾ. ਇੰਦਰਪ੍ਰੀਤ ਰੰਧਾਵਾ ਵੱਲੋਂ ਕੀਤਾ ਗਿਆ।




ਮੀਟਿੰਗ ਵਿੱਚ ਸਮੂਹ ਐਸ.ਐਮ.ਓਜ਼, ਪ੍ਰੋਗਰਾਮ ਅਫ਼ਸਰਾਂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਤੰਬਾਕੂ ਦੀ ਵਰਤੋਂ ਨੂੰ ਰੋਕਣ ਅਤੇ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕ ਕਰਨ ਲਈ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ ਦੀਆਂ ਵੱਖ-ਵੱਖ ਧਾਰਾਵਾਂ ਅਤੇ ਇਸ ਦੀ ਪ੍ਰਭਾਵਸ਼ਾਲੀ ਢੰਗ ਨਾਲ ਪਾਲਣਾ ਯਕੀਨੀ ਬਣਾਉਣ ਸਬੰਧੀ ਦਿਸ਼ਾ-ਨਿਰਦੇਸ਼ ਸਾਂਝੇ ਕੀਤੇ ਗਏ। ਅਧਿਕਾਰੀਆਂ ਨੂੰ ਜਨਤਕ ਥਾਵਾਂ 'ਤੇ ਤੰਬਾਕੂਨੋਸ਼ੀ ਨੂੰ ਰੋਕਣ, ਤੰਬਾਕੂ ਉਤਪਾਦਾਂ ਦੀ ਵਿਕਰੀ ਸਬੰਧੀ ਨਿਯਮਾਂ ਦੀ ਪਾਲਣਾ ਕਰਵਾਉਣ ਅਤੇ ਨੌਜਵਾਨਾਂ ਨੂੰ ਤੰਬਾਕੂ ਦੀ ਲਤ ਤੋਂ ਦੂਰ ਰੱਖਣ ਲਈ ਲੋੜੀਂਦੇ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਐਡਵੋਕੇਟ ਆਸਥਾ ਬੱਗਾ ਅਤੇ ਐਡਵੋਕੇਟ ਗਗਨ ਕੌਰ ਵੱਲੋਂ ਵਿਸ਼ੇਸ਼ ਪ੍ਰਜ਼ੈਂਟੇਸ਼ਨ ਦਿੱਤੀ ਗਈ। ਉਨ੍ਹਾਂ ਨੇ ਕੋਟਪਾ ਐਕਟ ਦੇ ਪ੍ਰਬੰਧਾਂ, ਤੰਬਾਕੂ ਦੀ ਵਰਤੋਂ ਦੇ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਅਤੇ ਤੰਬਾਕੂ ਕੰਟਰੋਲ ਲਈ ਵੱਖ-ਵੱਖ ਵਿਭਾਗਾਂ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ।

ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਨਵਰੀਤ ਕੌਰ ਸੇਖੋਂ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਤੰਬਾਕੂ ਕੰਟਰੋਲ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਤੰਬਾਕੂ ਦੀ ਵਰਤੋਂ ਨੂੰ ਘਟਾਉਣ ਲਈ ਸਿਰਫ਼ ਸਿਹਤ ਵਿਭਾਗ ਹੀ ਨਹੀਂ, ਸਗੋਂ ਸਾਰੇ ਵਿਭਾਗਾਂ ਨੂੰ ਸਾਂਝੇ ਤੌਰ 'ਤੇ ਯਤਨ ਕਰਨ ਦੀ ਲੋੜ ਹੈ।

ਮੀਟਿੰਗ ਦੌਰਾਨ ਤੰਬਾਕੂ ਦੇ ਸੇਵਨ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਲੋਕਾਂ ਵਿੱਚ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨ ਅਤੇ ਤੰਬਾਕੂ ਮੁਕਤ ਸਮਾਜ ਦੀ ਸਿਰਜਣਾ ਲਈ ਮਿਲ ਕੇ ਕੰਮ ਕਰਨ 'ਤੇ ਜ਼ੋਰ ਦਿੱਤਾ ਗਿਆ। ਜ਼ਿਲ੍ਹਾ ਪੱਧਰੀ ਤੰਬਾਕੂ ਕੰਟਰੋਲ ਕਮੇਟੀ ਦੀ ਮੀਟਿੰਗ ਨੂੰ ਸਫ਼ਲ ਬਣਾਉਣ ਵਿੱਚ ਜਨਰੇਸ਼ਨ ਸੇਵੀਅਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਵੱਲੋਂ ਦਿੱਤੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ ਗਈ।

## ਕੀ ਜਥੇਦਾਰ ਜਗਤਾਰ ਸਿੰਘ ਹਵਾਰਾ ਜੇਲ੍ਹੋਂ ਬਾਹਰ ਆਉਣਗੇ ?

ਵਰਲਡ ਪੰਜਾਬੀ ਟਾਈਮਜ਼
ਰਣਜੀਤ ਸਿੰਘ ਦਮਦਮੀ ਟਕਸਾਲ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਨੂੰ ਪੱਤਰ ਲਿਖ ਕੇ ਦਿੱਲੀ ਦੀ ਮੰਡੋਲੀ ਜੇਲ੍ਹ ਵਿੱਚ ਨਜ਼ਰਬੰਦ ਭਾਈ ਜਗਤਾਰ ਸਿੰਘ ਹਵਾਰਾ ਨੂੰ ਦਸ ਦਿਨ ਦੀ ਪੈਰੋਲ ਦੇਣ ਦੀ ਸਿਫਾਰਿਸ਼ ਕੀਤੀ ਹੈ। ਪੰਥਕ ਹਲਕਿਆਂ ਵਿੱਚ ਇਸ ਗੱਲ ਦੀ ਚਰਚਾ ਚੱਲ ਪਈ ਹੈ ਕਿ ਹੁਣ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਨੂੰ ਜੇਲ੍ਹ ਵਿੱਚੋਂ ਕੁਝ ਦਿਨਾਂ ਦੀ ਛੁੱਟੀ ਮਿਲਣ ਦਾ ਰਾਹ ਖੁੱਲ੍ਹ ਗਿਆ ਹੈ। ਇਹ ਵੀ ਜ਼ਿਕਰਯੋਗ ਹੈ ਕਿ ਮਾਰਚ 2026 ਵਿੱਚ ਪੰਜਾਬ ਸਰਕਾਰ ਨੇ ਭਾਈ ਜਗਤਾਰ ਸਿੰਘ ਹਵਾਰਾ ਨੂੰ 25 ਅਪਰਾਧਿਕ ਕੇਸਾਂ ਵਿੱਚ ਦੋਸ਼ੀ ਕਹਿ ਕੇ ਉਹਨਾਂ ਦੀ ਪੈਰੋਲ ਦੀ ਸਿਫ਼ਾਰਸ਼ ਨਾ ਕਰਦਿਆਂ ਪੈਰੋਲ ਦੀ ਅਰਜ਼ੀ ਰੱਦ ਕਰਨ ਲਈ ਕਿਹਾ ਸੀ। ਹੁਣ ਇਸ ਸਮੇਂ ਜਦੋਂ ਭਗਵੰਤ ਮਾਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਥ ਦੋਖੀ ਐਲਾਨਿਆ ਜਾ ਚੁੱਕਾ ਹੈ ਤੇ ਹੋਰ ਵੀ ਕਈ ਪੰਥ ਅਤੇ ਪੰਜਾਬ ਵਿਰੋਧੀ ਕਾਰਵਾਈਆਂ ਕਰਕੇ ਉਸ ਦੀ ਘੇਰਾਬੰਦੀ ਹੋ ਚੁੱਕੀ ਹੈ ਤਾਂ ਇਹਨਾਂ ਹਲਾਤਾਂ ਵਿੱਚ ਭਗਵੰਤ ਮਾਨ ਨੇ ਇੱਕ ਚੰਗਾ ਕਦਮ ਪੁੱਟਦਿਆਂ ਸਿੱਖ ਜਜ਼ਬਾਤਾਂ ਨੂੰ ਆਪਣੇ ਹੱਕ ਵਿੱਚ ਭੁਗਤਾਉਣਾ ਚਾਹਿਆ ਹੈ ਜਿਸ ਦੀ ਕੁਝ ਜਥੇਬੰਦੀਆਂ ਅਤੇ ਸ਼ਖਸੀਅਤਾਂ ਵੱਲੋਂ ਸ਼ਲਾਘਾ ਵੀ ਕੀਤੀ ਜਾ ਰਹੀ ਹੈ। ਭਗਵੰਤ ਮਾਨ ਦੇ ਇਸ ਪੱਤਰ ਨਾਲ ਭਾਈ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਮਿਲਦੀ ਹੈ ਜਾਂ ਨਹੀਂ, ਇਹ ਗੱਲ ਤਾਂ ਭਵਿੱਖ ਦੇ ਗਰਭ ਵਿੱਚ ਪਈ ਹੈ। ਪਰ ਭਾਈ ਹਵਾਰਾ ਦੀ ਪੈਰੋਲ ਸੰਬੰਧੀ ਜੋ ਆਵਾਜ਼ ਭਗਵੰਤ ਮਾਨ ਨੇ ਹੁਣ ਉਠਾਈ ਹੈ ਉਸ ਵਿੱਚ ਬੜੀ ਦੇਰੀ ਕਰ ਦਿੱਤੀ, ਹਾਲਾਂਕਿ ਇਸ ਸਰਕਾਰ ਤੋਂ ਸਿੱਖਾਂ ਤੇ ਪੰਜਾਬੀਆਂ ਨੂੰ ਵਧੇਰੇ ਆਸਾਂ ਸਨ ਪਰ ਇਸ ਨੇ ਵੀ ਪਹਿਲੀਆਂ ਸਰਕਾਰਾਂ ਵਾਂਗ ਪੰਥ ਦੋਖੀਆਂ ਵਾਲੀ ਭੂਮਿਕਾ ਹੀ ਨਿਭਾਈ। ਚਲੋ ਫਿਰ ਵੀ 'ਦੇਰ ਆਏ ਦਰੁਸਤ ਆਏ' ਇਸ ਗੱਲ ਦਾ ਸਵਾਗਤ ਹੈ। ਸਿੱਖ ਕੌਮ ਬੜੀ ਬੇਸਬਰੀ ਨਾਲ ਆਪਣੇ ਮਹਿਬੂਬ ਆਗੂ, ਕੌਮੀ ਨਾਇਕ ਅਤੇ ਸਿੱਖ ਨੌਜਵਾਨਾਂ ਦੇ ਦਿਲਾਂ ਦੀ ਧੜਕਣ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੇ ਜੇਲ੍ਹੋਂ ਬਾਹਰ ਆਉਣ ਦਾ ਇੰਤਜ਼ਾਰ ਕਰ ਰਹੀ ਹੈ। ਮਾਂ-ਪੁੱਤ ਦੀ ਮਿਲਣੀ ਵਿੱਚ ਵੀ ਸਰਕਾਰ ਵੱਡੀ ਦੀਵਾਰ ਬਣੀ ਹੋਈ ਹੈ, ਜਿਸ ਦੇ ਟੁੱਟਣ ਦੀ ਹਰ ਇੱਕ ਨੂੰ ਉਡੀਕ ਹੈ। ਕੇਂਦਰ ਵਿੱਚ ਕਾਬਜ ਭਾਜਪਾ ਸਰਕਾਰ ਦੇ ਪੰਥ ਵਿਰੋਧੀ ਰਵੱਈਏ ਕਰਕੇ ਬੰਦੀ ਸਿੰਘਾਂ ਦੇ ਬਾਹਰ ਆਉਣ ਦੀ ਉਡੀਕ ਮੁੱਕ ਹੀ ਨਹੀਂ ਰਹੀ, ਚੰਡੀਗੜ੍ਹ ਦੀਆਂ ਬਰੂਹਾਂ ਉੱਤੇ ਕੌਮੀ ਇਨਸਾਫ਼ ਮੋਰਚਾ ਵੀ ਚੱਲ ਰਿਹਾ ਹੈ। ਸੂਬਾ ਸਰਕਾਰ ਨੂੰ ਤਾਂ ਪੂਰੇ ਜ਼ੋਰ-ਸ਼ੋਰ ਨਾਲ ਬੰਦੀ ਸਿੰਘਾਂ ਦੀ ਰਿਹਾਈ ਲਈ ਆਵਾਜ਼ ਉਠਾਉਣੀ ਚਾਹੀਦੀ ਹੈ ਪਰ ਬਾਦਲ-ਕੈਪਟਨ ਅਤੇ ਭਗਵੰਤ ਮਾਨ ਆਪਣਾ ਇਹ ਫ਼ਰਜ ਨਿਭਾ ਨਹੀਂ ਸਕੇ ਸਨ। ਹੁਣ ਇਸ ਗੱਲ ਦੀ ਵੀ ਚਰਚਾ ਛਿੜ ਪਈ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਇਸ ਚਿੱਠੀ ਨੇ ਭਾਜਪਾ ਨੂੰ ਫਸਾ ਦਿੱਤਾ ਹੈ ਕਿਉਂਕਿ ਭਗਵੰਤ ਮਾਨ ਨੇ ਭਾਈ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਲਈ ਸਹਿਮਤੀ ਦੇ ਕੇ ਭਾਜਪਾ ਦੇ ਪਾਲੇ 'ਚ ਗੇਂਦ ਸੁੱਟ ਦਿੱਤੀ ਹੈ। ਪੈਰੋਲ ਦੇਣ ਦਾ ਫ਼ੈਸਲਾ ਚੰਡੀਗੜ੍ਹ ਤੇ ਦਿੱਲੀ ਪ੍ਰਸ਼ਾਸਨ ਨੇ ਕਰਨਾ ਹੈ ਤੇ ਚੰਡੀਗੜ੍ਹ ਵਿੱਚ ਕੇਂਦਰੀ ਰਾਜ ਹੋਣ ਕਰਕੇ ਅਤੇ ਦਿੱਲੀ ਵਿੱਚ ਭਾਜਪਾ ਦੀ ਸਰਕਾਰ ਹੋਣ ਕਰਕੇ ਦੋਵੇਂ ਥਾਂ ਭਾਜਪਾ ਦੀ ਸੱਤਾ ਹੈ। ਪੰਜਾਬ ਸਰਕਾਰ ਵੱਲੋਂ ਪੈਰੋਲ ਸੰਬੰਧੀ ਕੀਤੀ ਸਿਫ਼ਾਰਸ਼ ਤੋਂ ਬਾਅਦ ਹੁਣ ਵੇਖਣਾ ਇਹ ਹੋਵੇਗਾ ਕਿ ਭਾਜਪਾ ਇਸ ਸੰਬੰਧੀ ਕੀ ਫ਼ੈਸਲਾ ਲੈਂਦੀ ਹੈ ? ਜੇ ਭਾਜਪਾ ਚਾਹੇ ਤਾਂ ਇੱਕ ਦਿਨ ਵਿੱਚ ਹੀ ਸਾਰੇ ਬੰਦੀ ਸਿੰਘ ਰਿਹਾਅ ਹੋ ਸਕਦੇ ਹਨ। ਜ਼ਿਕਰਯੋਗ ਹੈ ਕਿ 10 ਨਵੰਬਰ 2015 ਨੂੰ ਭਾਈ ਜਗਤਾਰ ਸਿੰਘ ਹਵਾਰਾ ਨੂੰ ਸਰਬੱਤ ਖ਼ਾਲਸਾ ਦੁਆਰਾ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਜਥੇਦਾਰ ਵੀ ਥਾਪਿਆ ਗਿਆ ਸੀ। ਭਾਈ ਹਵਾਰਾ ਤੇ ਉਹਨਾਂ ਦੇ ਸਾਥੀਆਂ ਨੇ ਸਿੱਖ ਨੌਜਵਾਨੀ ਦੇ ਕਾਤਲ 'ਬੁੱਚੜ ਮੁੱਖ ਮੰਤਰੀ ਬੇਅੰਤ ਸਿਹੁੰ' ਨੂੰ 31 ਅਗਸਤ 1995 ਵਾਲੇ ਦਿਨ ਬੰਬ ਨਾਲ ਚੀਥੜੇ-ਚੀਥੜੇ ਕਰ ਦਿੱਤਾ ਸੀ। ਇਸ ਸਮੇਂ ਭਾਈ ਹਵਾਰਾ ਦੇ ਮਾਤਾ ਜੀ ਬੀਬੀ ਨਰਿੰਦਰ ਕੌਰ ਕਾਫ਼ੀ ਬਜ਼ੁਰਗ ਹੋ ਚੁੱਕੇ ਹਨ ਤੇ ਆਖ਼ਰੀ ਸਾਹਾਂ ਉੱਤੇ ਆਪਣੇ ਪੁੱਤ ਦੀ ਉਡੀਕ ਵਿੱਚ ਤੜਪ ਰਹੇ ਹਨ। ਪਰ ਇੱਕ ਮਾਂ ਤੇ ਪੁੱਤ ਦੀ ਮਿਲਣੀ ਨੂੰ ਰੋਕਣ ਲਈ ਹਿੰਦ ਹਕੂਮਤ ਦਹਾਕਿਆਂ ਤੋਂ ਦੀਵਾਰ ਬਣੀ ਹੋਈ ਹੈ। ਸਜ਼ਾ ਪੂਰੀ ਹੋਣ ਦੇ ਬਾਵਜੂਦ ਭਾਈ ਹਵਾਰਾ ਦੀ ਰਿਹਾਈ ਤਾਂ ਕੀ ਕਰਨੀ ਸੀ ਸਗੋਂ ਉਹਨਾਂ ਨੂੰ ਅੱਜ ਤੱਕ ਇੱਕ ਦਿਨ ਦੀ ਪੈਰੋਲ ਵੀ ਨਹੀਂ ਦਿੱਤੀ ਗਈ। ਸਮੁੱਚਾ ਖਾਲਸਾ ਪੰਥ ਸਮੇਂ-ਸਮੇਂ ਉੱਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਆਵਾਜ਼ ਬੁਲੰਦ ਅਤੇ ਸੰਘਰਸ਼ ਕਰਦਾ ਆ ਰਿਹਾ ਹੈ ਪਰ ਹਕੂਮਤ ਬਜ਼ਿੱਦ ਹੈ ਕਿ ਬੰਦੀ ਸਿੰਘਾਂ ਨੂੰ ਕੋਈ ਰਾਹਤ ਨਹੀਂ ਦੇਣੀ। ਆਪਣੇ ਪੁੱਤਰਾਂ ਨੂੰ ਮਿਲਣ ਲਈ ਪਤਾ ਨਹੀਂ ਕਿੰਨੀਆਂ ਕੁ ਮਾਂਵਾਂ ਤੜਫਦੀਆਂ ਹੋਈਆਂ ਸੰਸਾਰ ਤੋਂ ਚਲੇ ਗਈਆਂ ਪਰ ਹਕੂਮਤ ਦਾ ਸਿੱਖਾਂ ਪ੍ਰਤੀ ਨਜ਼ਰੀਆ ਨਾ ਬਦਲਿਆ। ਇਹ ਭਾਰਤੀ ਹਕੂਮਤ ਦੀ ਸਿੱਖਾਂ ਪ੍ਰਤੀ ਨਫ਼ਰਤ, ਦੁਸ਼ਮਣੀ, ਕਰੂਰਤਾ, ਬੇਗਾਨਾਪਨ ਅਤੇ ਅਕ੍ਰਿਤਘਣਤਾ ਹੈ। ਭਾਜਪਾ ਨੂੰ ਸਮਰਥਨ ਕਰਨ ਅਤੇ ਨਰਿੰਦਰ ਮੋਦੀ ਤੇ ਅਮਿਤ ਸ਼ਾਹ ਦੇ ਸੋਹਿਲੇ ਗਾਉਣ ਵਾਲੇ ਕੁਝ ਧਾਰਮਿਕ ਅਤੇ ਸਿਆਸੀ ਆਗੂ ਇਹ ਦਾਅਵੇ ਕਰਦੇ ਰਹੇ ਕਿ ਅਸੀਂ ਸਾਰੇ ਬੰਦੀ ਸਿੰਘਾਂ ਨੂੰ ਪਲਾਂ ਵਿੱਚ ਹੀ ਰਿਹਾਅ ਕਰਵਾ ਲਵਾਂਗੇ ਤੇ ਸਿੱਖ ਕੌਮ ਦੇ ਸਾਰੇ ਮਸਲੇ ਹੱਲ ਕਰਵਾ ਲਵਾਂਗੇ। ਪਰ ਹੁਣ ਜਦੋਂ ਭਾਈ ਹਵਾਰਾ ਦੇ ਬਿਮਾਰ ਮਾਤਾ ਜੀ, ਵੀਲ੍ਹ ਚੇਅਰ 'ਤੇ ਬੈਠ ਕੇ ਬੰਦ ਅੱਖਾਂ ਨਾਲ ਆਪਣੇ ਪੁੱਤ ਨੂੰ ਵੇਖਣ ਲਈ 'ਜਗਤਾਰ-ਜਗਤਾਰ' ਕਰ ਰਹੇ ਹਨ ਤਾਂ ਇਹਨਾਂ ਧਾਰਮਿਕ ਤੇ ਸਿਆਸੀ ਆਗੂਆਂ ਨੂੰ ਉਸ ਮਾਂ ਦਾ ਇਹ ਹੋਕਾ ਕਿਉਂ ਨਹੀਂ ਸੁਣ ਰਿਹਾ, ਇਹ ਕਿਹੜੇ ਭੌਰਿਆਂ ਵਿੱਚ ਵੜ ਗਏ ਹਨ ? ਸਿਆਸੀ ਆਗੂਆਂ ਨੇ ਵੀ ਕੇਵਲ ਆਪਣੀਆਂ ਰੋਟੀਆਂ ਸੇਕ ਲਈਆਂ ਹਨ, ਕਿਸੇ ਨੇ ਸਿਆਸੀ ਅਹੁਦੇ ਲੈ ਲਏ ਤੇ ਕਿਸੇ ਨੇ ਨਿੱਜੀ ਕੰਮ ਕਢਵਾ ਲਏ। ਬਾਬਾ ਹਰਨਾਮ ਸਿੰਘ ਧੁੰਮਾ, ਮਨਜਿੰਦਰ ਸਿੰਘ ਸਿਰਸਾ ਅਤੇ ਹੋਰ ਇਸ ਮਾਮਲੇ 'ਤੇ ਖ਼ਾਮੋਸ਼ ਹਨ ਤੇ ਬੰਦੀ ਸਿੰਘਾਂ ਨੂੰ ਵਿਸਾਰ ਕੇ ਭਾਜਪਾ ਦੀ 'ਜੀ ਹਜ਼ੂਰੀ' ਕਰਨ ਵਿੱਚ ਮਸਤ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਪੁਰਬ ਵੀ ਲੰਘ ਗਿਆ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦਾ ਨੋਟੀਫ਼ਿਕੇਸ਼ਨ ਜਾਰੀ ਕੀਤਾ ਸੀ ਪਰ ਬਾਅਦ ਵਿੱਚ ਡੱਕਾ ਨਹੀਂ ਭੰਨਿਆ ਤੇ ਹੁਣ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦਾ 350ਵਾਂ ਸ਼ਹੀਦੀ ਸਮਾਗਮ ਵੀ ਲੰਘ ਗਿਆ ਪਰ ਬੰਦੀ ਸਿੰਘਾਂ ਨੂੰ ਖੁੱਲ੍ਹੀ ਹਵਾ ਵੇਖਣੀ ਨਸੀਬ ਨਾ ਹੋਈ। ਇਹ ਗ਼ੁਲਾਮੀ ਨਹੀਂ ਤਾਂ ਹੋਰ ਕੀ ਹੈ ? ਹੋਰ ਕਿਸ ਨੂੰ ਗ਼ੁਲਾਮੀ ਕਹਿੰਦੇ ਹਨ ? ਜਿੰਨਾ ਫ਼ਿਰਕੂ ਹਿੰਦੂਤਵੀਆਂ ਦਾ ਰਾਜ ਹੈ ਉਹਨਾਂ ਨੇ ਆਪਣੇ ਦੋਸ਼ੀ ਬੰਦਿਆਂ ਨੂੰ ਤੱਤੀ ਵਾਹ ਨਹੀਂ ਲੱਗਣ ਦਿੱਤੀ, ਜੇ ਕੋਈ ਜੇਲ੍ਹ ਗਿਆ ਵੀ ਤਾਂ ਝੱਟ ਹੀ ਰਿਹਾਅ ਤੇ ਬਰੀ ਕਰਵਾ ਲਏ ਪਰ ਏਧਰ ਗ਼ੁਲਾਮ ਸਿੱਖ ਕੌਮ ਧਰਨੇ, ਮੁਜ਼ਾਹਰੇ, ਪ੍ਰਦਰਸ਼ਨ ਤੇ ਵੱਡੇ-ਵੱਡੇ ਇਕੱਠ ਕਰਦੀ ਫਿਰਦੀ ਹੈ ਪਰ ਭਾਰਤੀ ਹਾਕਮਾਂ ਨੂੰ ਸਿੱਖਾਂ ਦੀ ਰੱਤਾ ਪਰਵਾਹ ਨਹੀਂ। ਉਹ ਬੰਦੀ ਸਿੰਘਾਂ ਨੂੰ ਅੱਜ ਵੀ ਹਊਆ ਬਣਾ ਕੇ ਪੇਸ਼ ਕਰਦੇ ਹਨ ਤੇ ਉਹਨਾਂ ਨੂੰ ਜੇਲ੍ਹ ਦੀਆਂ ਸਲਾਖਾਂ ਵਿੱਚ ਡੱਕੇ ਰੱਖ ਕੇ ਦੱਸ ਰਹੇ ਹਨ ਕਿ ਰਾਜੇ ਕੌਣ ਹਨ ਤੇ ਗੁਲਾਮ ਕੌਣ ਹਨ ਪਰ ਸਾਡੇ ਲੋਕਾਂ ਨੂੰ ਫਿਰ ਵੀ ਸਮਝ ਨਹੀਂ ਪੈਂਦੀ। ਭਾਈ ਹਵਾਰਾ ਦੇ ਨੇੜਲੇ ਪਿੰਡਾਂ ਦੀਆਂ 65 ਪੰਚਾਇਤਾਂ ਜੋ ਦਿੱਲੀ ਦੀ ਭਾਜਪਾ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੂੰ ਲਿਖ ਕੇ ਦੇ ਚੁੱਕੀਆਂ ਹਨ ਕਿ ਭਾਈ ਹਵਾਰਾ ਪੈਰੋਂਲ ਉੱਤੇ ਬਾਹਰ ਆ ਕੇ ਪੰਜਾਬ ਦੇ ਅਮਨ-ਕਾਨੂੰਨ ਤੇ ਸਰਕਾਰ ਨੂੰ ਕੋਈ ਖਤਰਾ ਨਹੀਂ ਪੈਦਾ ਕਰਨਗੇ, ਮਾਹੌਲ ਸ਼ਾਂਤ ਚਿੱਤ ਅਤੇ ਸੁਰੱਖਿਅਤ ਰਹੇਗਾ ਤੇ ਉਹਨਾਂ ਨੂੰ ਆਪਣੇ ਮਾਤਾ ਜੀ ਨਾਲ ਮਿਲਾਇਆ ਜਾਵੇ। ਪਰ ਹਕੂਮਤ ਦੇ ਕੰਨ ਉੱਤੇ ਜੂੰ ਨਹੀਂ ਸਰਕ ਰਹੀ। ਸਾਡੇ ਜੁਝਾਰੂ ਸਿੰਘਾਂ ਨੂੰ 30-30 ਸਾਲ ਤੋਂ ਵੱਧ ਜੇਲ੍ਹਾਂ ਕਟਵਾ ਕੇ ਵੀ ਹਕੂਮਤ ਦਾ ਢਿੱਡ ਨਹੀਂ ਭਰਿਆ ਤੇ ਅਜੇ ਵੀ ਕਾਨੂੰਨ ਅਤੇ ਸੰਵਿਧਾਨ ਤੋਂ ਉਲਟ ਜਾ ਕੇ ਬੰਦੀ ਸਿੰਘਾਂ ਉੱਤੇ ਸ਼ਿਕੰਜਾ ਕੱਸਿਆ ਹੋਇਆ ਹੈ। ਪਹਿਲੇ ਬੰਦੀ ਸਿੰਘ ਰਿਹਾਅ ਨਹੀਂ ਕੀਤੇ ਤੇ ਉਲਟਾ ਭਾਈ ਜਗਤਾਰ ਸਿੰਘ ਜੱਗੀ ਜੋਹਲ ਅਤੇ ਭਾਈ ਅੰਮ੍ਰਿਤਪਾਲ ਸਿੰਘ ਵਰਗਿਆਂ ਸਮੇਤ ਹੋਰ ਕਈ ਸਿੱਖਾਂ ਨੂੰ ਬੰਦੀ ਬਣਾਇਆ ਜਾ ਚੁੱਕਾ ਹੈ। ਇਹ ਬੰਦੀ ਸਿੰਘ ਸਿੱਖ ਕੌਮ ਦੀ ਆਜ਼ਾਦੀ ਲਈ ਸੇਵਾਵਾਂ ਕਰਦਿਆਂ ਕੈਦ ਹੋਏ ਹਨ ਉਹਨਾਂ ਦੀ ਰਿਹਾਈ ਲਈ ਸਮੁੱਚੀ ਸਿੱਖ ਕੌਮ ਨੂੰ ਯਤਨ ਕਰਦੇ ਰਹਿਣਾ ਚਾਹੀਦਾ ਹੈ। ਗੁਰੂ ਸਾਹਿਬ ਸਫਲਤਾ ਜ਼ਰੂਰ ਬਖਸ਼ਣਗੇ। ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੀ ਮਾਂ ਸਾਡੀ ਸਭ ਦੀ ਮਾਂ ਹੈ। ਭਾਈ ਹਵਾਰਾ ਤੇ ਸਾਥੀਆਂ ਨੂੰ ਪੈਰੋਲ ਅਤੇ ਰਿਹਾਈ ਜ਼ਰੂਰ ਮਿਲਣੀ ਚਾਹੀਦੀ ਹੈ। ਇਹ ਸਰਕਾਰਾਂ ਦਾ ਸਿੱਖਾਂ ਉੱਤੇ ਕੋਈ ਅਹਿਸਾਨ ਨਹੀਂ ਹੋਵੇਗਾ ਕਿਉਂਕਿ ਸਾਡੇ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਭੋਗ ਚੁੱਕੇ ਹਨ ਤੇ ਰਿਹਾਈ ਉਹਨਾਂ ਦਾ ਕਾਨੂੰਨੀ ਤੇ ਸੰਵਿਧਾਨਕ ਹੱਕ ਹੈ। ਹਰ ਸਿੱਖ ਦੇ ਮਨ ਵਿੱਚ ਹੁਣ ਇਹ ਸਵਾਲ ਚੱਲ ਰਿਹਾ ਹੈ ਕਿ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਪੈਰੋਲ 'ਤੇ ਬਾਹਰ ਆਉਣਗੇ ਜਾਂ ਫਿਰ ਸਰਕਾਰ ਕੋਈ ਬਹਾਨਾ ਘੜ ਲਵੇਗੀ!